Vigilance Bureau Punjab

**Vigilance nabs police official for taking bribe Rs. 5,000**

Chandigarh, February 20: State Vigilance Bureau, today nabbed constable Kamaljeet Singh red handed while accepting bribe of Rs 5,000.

Disclosing this here an official spokesperson of the Vigilance Bureau said Constable Kamaljeet Singh posted at excise office Fazilka was nabbed red handed on the complaint of Jagga Singh of Guru Nanak Nagar, Fazilka. The Complainant has approached the VB and alleged that the accused police official was demanding Rs 7,000 for not registering a case against him and the deal was struck at Rs. 5,000.

After verifying his information, the Vigilance team laid a trap and the accused police official was arrested on the spot taking bribe of Rs. 5,000 from the complainant in the presence of two official witnesses. He informed that a case under different sections of prevention of corruption act has been registered against him at VB police station Ferozepur and further investigation was under progress.

--------

ਵਿਜੀਲੈਂਸ ਬਿਓਰੋ ਪੰਜਾਬ

**ਵਿਜੀਲੈਂਸ ਨੇ 5,000 ਦੀ ਰਿਸ਼ਵਤ ਲੈਂਦਾ ਸਿਪਾਹੀ ਰੰਗੇ ਹੱਥੀਂ ਦਬੋਚਿਆ**

ਚੰਡੀਗੜ੍ਹ, 20 ਫਰਵਰੀ : ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਆਬਕਾਰੀ ਦਫਤਰ ਫਾਜਿਲਕਾ ਵਿਖੇ ਤਾਇਨਾਤ ਸਿਪਾਹੀ ਕੰਵਲਜੀਤ ਸਿੰਘ ਨੂੰ 5,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਸਿਪਾਹੀ ਨੂੰ ਸ਼ਿਕਾਇਤਕਰਤਾ ਜੱਗਾ ਸਿੰਘ ਵਾਸੀ ਗੁਰੂ ਨਾਨਕ ਨਗਰ, ਫਾਜਿਲਕਾ ਦੀ ਸ਼ਿਕਾਇਤ ’ਤੇ ਫ਼ੜਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਸ ਦੇ ਘਰੋ ਬਰਾਮਦ ਕੀਤੀ ਲਾਹਨ ਸਬੰਧੀ ਉਸ ਵਿਰੁੱਧ ਪਰਚਾ ਦਰਜ ਨਾ ਕਰਨ ਬਦਲੇ ਸਿਪਾਹੀ ਕੰਵਲਜੀਤ ਸਿੰਘ ਵਲੋਂ 7,000 ਰੁਪਏ ਦੀ ਮੰਗ ਕੀਤੀ ਗਈ ਹੈ ਅਤੇ ਸੌਦਾ 5,000 ਰੁਪਏ ਵਿਚ ਤੈਅ ਹੋਇਆ ਹੈ।

ਵਿਜੀਲੈਂਸ ਵੱਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਸਿਪਾਹੀ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 5,000 ਰੁਪਏ ਦੀ ਰਿਸ਼ਵਤ ਲੈਂਦਿਆਂ ਮੌਕੇ ‘ਤੇ ਹੀ ਦਬੋਚ ਲਿਆ। ਉਨਾਂ ਦੱਸਿਆ ਕਿ ਦੋਸ਼ੀ ਖਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਫਿਰੋਜਪੁਰ ਵਿਖੇ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।

------